**ਪੰਜਾਬ ਸਕੂਲ ਸਿੱਖਿਆ ਬੋਰਡ** **ਐਨ-1-ਏ-(10,000)**

**ਵੱਲੋਂ**

**ਸਕੱਤਰ**
**ਪੰਜਾਬ ਸਕੂਲ ਸਿੱਖਿਆ ਬੋਰਡ**
**ਐਸ.ਏ.ਐਸ, ਨਗਰ, (ਮੋਹਾਲੀ)-160 062**

**ਵੱਲ**
**ਰਾਜ ਦੇ ਸਮੂਹ ਸਕੂਲਾਂ ਦੇ ਮੁੱਖੀ**
**ਸਰਕਾਰੀ /ਏਡਿਡ/ਐਫੀਲੀਏਟਿਡ,**
**ਹਾਈ/ਸੀਨੀ.ਸੈਕੰ.ਸਕੂਲ**

**ਪੱਤਰ ਨੰ. ਪਸਸਬ-ਰਜਿ-ਮਾਈ/24721-33720** **ਮਿਤੀ, ਮੋਹਾਲੀ :- 15-04-2010**

---

**ਵਿਸ਼ਾ :- ਦਾਖਲਾ ਸਾਲ 2010-2011 ਲਈ ਨੌਵੀਂ/ਦਸਵੀਂ ਸ਼੍ਰੇਣੀ ਵਿੱਚ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਯੋਗਤਾਵਾਂ ਅਤੇ ਸ਼ਰਤਾਂ।**

ਸ਼੍ਰੀਮਾਨ/ ਸ਼੍ਰੀਮਤੀ ਜੀ,

ਨੌਵੀਂ/ ਦਸਵੀਂ ਸ਼੍ਰੇਣੀ ਵਿੱਚ ਵਿਦਿਆਰਥੀਆਂ ਦੇ ਦਾਖਲੇ ਲਈ ਹੇਠ ਲਿਖੀਆਂ ਅਗਵਾਈ ਲੀਹਾਂ ਅਨੁਸਾਰ ਲੋੜੀਂਦੀ ਕਾਰਵਾਈ ਕੀਤੀ ਜਾਵੇ :-

1) ਸੰਸਥਾ ਦਾ ਬੋਰਡ ਨਾਲ ਐਫੀਲੀਏਟਡ ਹੋਣਾ ਜ਼ਰੂਰੀ ਹੈ ਅਤੇ ਸ਼ਨਾਖਤੀ ਨੰਬਰ ਲੱਗਿਆ ਹੋਣਾ ਚਾਹੀਦਾ ਹੈ।
2) ਬੋਰਡ ਵੱਲੋਂ ਪ੍ਰਵਾਨਿਤ ਦਾਖਲਾ ਖਾਰਜ ਰਜਿਸਟਰ ਲਗਾਏ ਜਾਣ।
3) ਵਿਦਿਆਰਥੀਆਂ ਨੂੰ ਦਾਖਲ ਕਰਨ ਤੋਂ ਪਹਿਲਾ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਕੈਲੰਡਰ ਵਾਲਿਊਮ-2 ਅਤੇ ਨੌਵੀਂ/ਦਸਵੀਂ ਸ਼੍ਰੇਣੀ ਲਈ ਨਿਰਧਾਰਤ ਪਾਠ-ਕ੍ਰਮ ਦਾ ਅਧਿਐਨ ਕਰ ਲਿਆ ਜਾਵੇ।
4) ਦਸਵੀਂ ਸ਼੍ਰੇਣੀ ਵਿੱਚ ਉਹ ਵਿਦਿਆਰਥੀ ਹੀ ਦਾਖਲ ਕੀਤੇ ਜਾਣ ਜਿਨ੍ਹਾਂ ਨੇ ਨੌਵੀਂ ਸ਼੍ਰੇਣੀ ਸਰਕਾਰੀ/ਏਡਿਡ/ਬੋਰਡ ਨਾਲ ਐਫੀਲੀਏਟਿਡ ਸਕੂਲ ਤੋਂ ਹੀ ਪਾਸ ਕੀਤੀ ਹੋਵੇ।
5) ਜੋ ਵਿਦਿਆਰਥੀ ਦਸਵੀਂ ਸ਼੍ਰੇਣੀ ਪ੍ਰਾਈਵੇਟ ਤੌਰ ਤੇ ਜਾਂ ਸਕੂਲ ਦੇ ਰੈਗੂਲਰ ਵਿਦਿਆਰਥੀ ਦੇ ਤੌਰ ਤੇ ਫੇਲ੍ਹ ਹੋਣ ਉਹ ਦਸਵੀਂ ਸ਼੍ਰੇਣੀ ਵਿੱਚ ਰੈਗੂਲਰ ਤੌਰ ਤੇ ਦਾਖਲਾ ਲੈ ਸਕਦੇ ਹਨ।
6) ਬੋਰਡ ਵੱਲੋਂ ਪ੍ਰਵਾਨਿਤ ਸੀਟਾਂ/ਗਰੁੱਪਾਂ ਅਨੁਸਾਰ ਹੀ ਵਿਦਿਆਰਥੀਆਂ ਨੂੰ ਦਾਖਲਾ ਦਿੱਤਾ ਜਾਵੇ।
7) ਦਸਵੀਂ ਸ਼੍ਰੇਣੀ ਦੀ ਪ੍ਰੀਖਿਆ ਫਾਰਮ ਭੇਜਣ ਤੋਂ ਪਹਿਲਾਂ ਇਹ ਯਕੀਨੀ ਬਣਾਇਆ ਜਾਵੇ ਕਿ ਕੀ ਵਿਦਿਆਰਥੀਆਂ ਦੇ ਰਜਿਸਟ੍ਰੇਸ਼ਨ ਨੰਬਰ ਅਲਾਟ ਹੋ ਚੁੱਕੇ ਹਨ?
8) ਬੋਰਡ ਵੱਲੋਂ ਜਾਰੀ ਦਾਖਲਾ ਸ਼ੈਡਿਊਲ ਵਿੱਚ ਦਰਸਾਈਆਂ ਮਿਤੀਆਂ ਖਤਮ ਹੋਣ ਉਪਰੰਤ ਸਕੂਲ ਮੁੱਖੀਆਂ ਵੱਲੋਂ ਕਿਸੇ ਵੀ ਵਿਦਿਆਰਥੀ ਨੂੰ ਆਪਣੀ ਪੱਧਰ ਤੇ ਦਾਖਲਾ ਨਾ ਦਿੱਤਾ ਜਾਵੇ।
9) ਯੋਗਤਾ ਸਬੰਧੀ ਜ਼ਿੰਮੇਵਾਰੀ ਨਿਰੋਲ ਸਕੂਲ ਮੁੱਖੀ ਦੀ ਹੈ। ਇਸ ਲਈ ਸਮਾਨਤਾ ਸੂਚੀ ਨੂੰ ਮੁੱਖ ਰੱਖ ਕੇ ਹੀ ਵਿਦਿਆਰਥੀਆਂ ਦੇ ਦਾਖਲੇ ਪ੍ਰਵਾਨ ਕੀਤੇ ਜਾਣ। ਇਸ ਮਕਸਦ ਲਈ ਇੱਕ ਦਾਖਲਾ ਪੜਤਾਲ ਕਮੇਟੀ ਬਣਾਈ ਜਾਵੇ ਜੋ ਪੂਰਵ ਘੋਖ ਕਰਕੇ ਯੋਗਤਾ ਚੈੱਕ ਕਰੇ ਤਾਂ ਜੋ ਕੋਈ ਅਯੋਗ ਵਿਦਿਆਰਥੀ ਦਾਖਲ ਨਾ ਹੋ ਸਕੇ।
10) ਸੈਸ਼ਨ ਦੌਰਾਨ ਨੌਵੀਂ/ਦਸਵੀਂ ਸ਼੍ਰੇਣੀ ਵਿੱਚ ਜੇ ਕੋਈ ਵਿਦਿਆਰਥੀ ਦਾਖਲਾ ਸ਼ੈਡਿਊਲ ਪਿਛੋਂ ਸਕੂਲ ਬਦਲਦਾ ਹੈ ਤਾਂ ਉਸ ਲਈ ਇਹ ਜ਼ਰੂਰੀ ਹੋਵੇਗਾ ਕਿ ਉਹ ਇਸ ਸਬੰਧੀ ਬੋਰਡ ਤੋਂ ਮਾਈਗਰੇਸ਼ਨ ਸਰਟੀਫਿਕੇਟ ਪ੍ਰਾਪਤ ਕਰੇ। ਮਾਈਗ੍ਰੇਸ਼ਨ ਠੋਸ ਕਾਰਨਾ ਦੇ ਅਧਾਰ ਤੇ ਹੀ ਕੀਤੀ ਜਾਵੇ।
11) ਨੌਵੀਂ / ਦਸਵੀਂ ਸ਼੍ਰੇਣੀ ਦੀ ਸਕੂਲ ਤੋਂ ਸਕੂਲ ਮਾਈਗ੍ਰੇਸ਼ਨ ਕੇਵਲ ਪ੍ਰੀਖਿਆ ਸ਼ੁਰੂ ਹੋਣ ਤੋ ਇੱਕ ਮਹੀਨਾ ਪਹਿਲਾਂ ਤੱਕ ਹੀ ਕੀਤੀ ਜਾਵੇਗੀ ਅਤੇ ਇਸ ਤੋਂ ਪਿੱਛੋਂ ਵਿਰਲੇ ਕੇਸਾਂ ਵਿੱਚ ਮਾਤਾ-ਪਿਤਾ/ ਗਾਰਡੀਅਨ ਦੀ ਬਦਲੀ / ਅਚਾਨਕ ਮੌਤ ਹੋਣ ਦੀ ਸੂਰਤ ਵਿੱਚ ਮਾਈਗ੍ਰੇਸ਼ਨ ਮਾਨਯੋਗ ਚੇਅਰਮੈਨ ਸਾਹਿਬ ਵੱਲੋਂ ਆਗਿਆ ਦੇਣ ਉਪਰੰਤ ਹੀ ਕੀਤੀ ਜਾਵੇਗੀ।
**ਮਾਈਗ੍ਰੇਸ਼ਨ ਫੀਸਾਂ ਦਾ ਪੜਾਅਵਾਰ ਵੇਰਵਾ ਹੇਠ ਲਿਖੇ ਅਨੁਸਾਰ ਹੈ :-**
**(1) ਪਹਿਲੇ ਸਮੈਸਟਰ ਲਈ ਫੀਸ - 500 ਰੁ:**
**(2) ਦੂਜੇ ਸਮੈਸਟਰ ਲਈ ਫੀਸ - 1000 ਰੁ:**
12) ਜਦੋਂ ਵੀ ਸਕੂਲ ਵੱਲੋਂ ਬੋਰਡ ਨਾਲ ਕੋਈ ਪੱਤਰ-ਵਿਹਾਰ ਕਰਨਾ ਹੈ, ਪੱਤਰ ਵਿੱਚ ਵਿਦਿਆਰਥੀ ਦਾ ਰਜਿਸ਼ਟਰੇਸ਼ਨ ਨੰਬਰ ਅਤੇ ਸਕੂਲ ਦਾ ਸ਼ਨਾਖਤੀ ਨੰਬਰ ਲਿਖਿਆ ਜਾਵੇ।

13) (1) ਜਿਨ੍ਹਾਂ ਵਿਦਿਆਰਥੀਆਂ ਨੇ ਨੌਵੀਂ ਸ਼੍ਰੇਣੀ ਵਿੱਚ ਸਾਲ/ਸੈਸ਼ਨ 2010-2011 ਵਿੱਚ ਦਾਖਲਾ ਲਿਆ ਹੈ ਉਨ੍ਹਾਂ ਦੀ ਕੰਟੀਨਿਊਏਸ਼ਨ ਰਿਟਰਨ ਵੀ ਨੌਵੀਂ ਸ਼੍ਰੇਣੀ ਵਿੱਚ ਹੀ ਫਾਰਮ ਨੰਬਰ ਐਨ-1 ਇਕ ਪਰਤ ਵਿੱਚ ਭੇਜੀ ਜਾਵੇ। ਕੰਟੀਨਿਊਏਸ਼ਨ ਫੀਸ 75/- ਰੁ: ਪ੍ਰਤੀ ਵਿਦਿਆਰਥੀ ਹੋਵੇਗੀ।

(2) ਸਾਲ/ਸੈਸ਼ਨ 2010-2011 ਵਿੱਚ ਦਸਵੀਂ ਸ਼੍ਰੇਣੀ ਦੀ ਕੰਟੀਨਿਊਏਸ਼ਨ ਰਿਟਰਨ ਨਾ ਭੇਜੀ ਜਾਵੇ ਕੇਵਲ ਬਾਹਰਲੇ ਬੋਰਡਾਂ ਤੋਂ ਆਏ ਵਿਦਿਆਰਥੀਆਂ ਦੇ ਵੇਰਵੇ ਫਾਰਮ ਐਮ-2 ਵਿੱਚ ਭੇਜੇ ਜਾਣ।

14) ਜਿਨ੍ਹਾਂ ਵਿਦਿਆਰਥੀਆਂ ਨੇ ਅੱਠਵੀਂ/ਨੌਵੀਂ ਪ੍ਰੀਖਿਆ ਕਿਸੇ ਹੋਰ ਬੋਰਡ ਤੋਂ ਪਾਸ ਕੀਤੀ ਹੈ ਉਨ੍ਹਾਂ ਵਿਦਿਆਰਥੀਆਂ ਨੂੰ ਸਕੂਲ ਮੁੱਖੀ ਆਰਜ਼ੀ ਤੌਰ ਤੇ ਬੋਰਡ ਵੱਲੋਂ ਤੈਅ ਹੋਈਆਂ ਮਿਤੀਆਂ ਤੱਕ ਨੌਵੀਂ / ਦਸਵੀਂ ਸ਼੍ਰੇਣੀ ਵਿੱਚ ਦਾਖਲਾ ਦੇ ਸਕਦੇ ਹਨ। ਵੇਰਵੇ ਫਾਰਮ ਐਨ-2 ਅਤੇ ਐਮ-2 ਵਿੱਚ ਭੇਜੇ ਜਾਣ, ਰਜਿਸਟਰੇਸ਼ਨ ਫੀਸ 500/- ਰੁ: ਪ੍ਰਤੀ ਵਿਦਿਆਰਥੀ ਹੋਵੇਗੀ। ਅਜਿਹੇ ਵਿਦਿਆਰਥੀਆਂ ਨੂੰ ਦਾਖਲ ਕਰਨ ਸਮੇਂ ਹੇਠ ਲਿਖੇ ਅਨੁਸਾਰ ਦਸਤਾਵੇਜ਼ ਲਏ ਜਾਣ।

(ੳ) ਬੋਰਡ ਦਾ ਅਸਲ ਮਾਈਗ੍ਰੇਸ਼ਨ ਸਰਟੀਫਿਕੇਟ (ਜਿਥੇ ਲਾਗੂ ਹੋਵੇ)

(ਅ) ਜਿਸ ਸ਼੍ਰੇਣੀ ਵਿੱਚ ਦਾਖਲ ਹੋਣਾ ਹੈ ਉਸ ਤੋਂ ਪਹਿਲੀ ਸ਼੍ਰੇਣੀ ਦਾ ਪਾਸ ਕਰਨ ਦਾ ਸਬੂਤ (ਤਸਦੀਕ ਸ਼ੁਦਾ ਡੀ.ਐਮ.ਸੀ)।

(ੲ) ਵਿਦਿਅਕ ਸੈਸ਼ਨ ਦੌਰਾਨ ਜਾਂ ਹੇਠਲੀ ਪ੍ਰੀਖਿਆ ਪਾਸ ਕਰਨ ਉਪਰੰਤ ਸਕੂਲ ਛੱਡਣ ਦਾ ਸਰਟੀਫਿਕੇਟ ਜੋ ਜ਼ਿਲ੍ਹਾ ਸਿੱਖਿਆ ਅਫ਼ਸਰ ਜਾਂ ਸਬੰਧਤ ਬੋਰਡ ਦੇ ਅਧਿਕਾਰੀ ਦੁਆਰਾ ਪ੍ਰਤੀ ਹਸਤਾਖਰ ਕੀਤਾ ਹੋਣਾ ਚਾਹੀਦਾ ਹੈ।

(ਸ) ਪੰਜਾਬ ਸਕੂਲ ਸਿੱਖਿਆ ਬੋਰਡ ਦੀ ਪ੍ਰੀਖਿਆ ਦੇ ਬਰਾਬਰ ਦੀ ਯੋਗਤਾ ਦਾ ਸਮਾਨਤਾ-ਪੱਤਰ (ਜੋ ਕਿ ਬੋਰਡ ਦੀ ਅਕਾਦਮਿਕ ਸ਼ਾਖਾ ਵੱਲੋਂ ਅਸਲ ਸਰਟੀਫਿਕੇਟ ਦੇ ਆਧਾਰ ਤੇ ਜਾਰੀ ਕੀਤਾ ਜਾਂਦਾ ਹੈ।) ਹੇਠਲੀ ਪ੍ਰੀਖਿਆ ਸੀ.ਬੀ.ਐਸ.ਈ, ਆਈ.ਸੀ.ਐਸ.ਈ, ਹਰਿਆਣਾ, ਹਿਮਾਚਲ, ਜੰਮੂ ਕਸ਼ਮੀਰ ਅਤੇ ਰਾਜਸਥਾਨ ਬੋਰਡਾਂ ਤੋਂ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਛੱਡ ਕੇ ਬਾਕੀ ਬੋਰਡਾਂ ਵਾਲੇ ਵਿਦਿਆਰਥੀਆਂ ਦੇ ਕੇਸਾਂ ਵਿੱਚ ਪੰਜਾਬ ਬੋਰਡ ਦੀ ਅਕਾਦਮਿਕ ਸ਼ਾਖਾ ਤੋਂ ਸਮਾਨਤਾ ਪੱਤਰ ਪ੍ਰਾਪਤ ਕਰਕੇ ਪੇਸ਼ ਕੀਤੇ ਜਾਣ।

**15) ਰਜਿਸਟ੍ਰੇਸ਼ਨ ਫਾਰਮ ਵੱਖਰੇ ਤੌਰ ਤੇ ਭੇਜੇ ਜਾਣਗੇ।**

**ਜ਼ਰੂਰੀ ਨੋਟ : ਬੋਰਡ ਵੱਲੋਂ ਜਾਰੀ ਦਾਖਲਾ ਸ਼ੈਡੀਊਲ ਦੀਆਂ ਮਿਤੀਆਂ ਖਤਮ ਹੋਣ ਉਪਰੰਤ ਦੂਜੇ ਰਾਜਾਂ/ਬੋਰਡਾਂ ਤੋਂ ਪੜ੍ਹਦੇ ਆ ਰਹੇ ਵਿਦਿਆਰਥੀ ਨੂੰ ਕਿਸੇ ਵੀ ਸੂਰਤ ਵਿੱਚ ਨੌਵੀਂ/ਦਸਵੀਂ ਸ਼੍ਰੇਣੀ ਦੇ ਦਾਖਲੇ ਸਬੰਧੀ ਨਿਰਧਾਰਿਤ ਪ੍ਰੋਫਾਰਮੇ ਤੇ ਚੇਅਰਮੈਨ ਸਾਹਿਬ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਪੂਰਵ ਪ੍ਰਵਾਨਗੀ ਲਏ ਬਿਨਾਂ ਦਾਖਲ ਨਾ ਕੀਤਾ ਜਾਵੇ।**

**ਸਹਾਇਕ ਸਕੱਤਰ (ਰਜਿ.ਮਾਈ)**
**ਵਾਸਤੇ ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।**